# ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ
## ਐਸ.ਸੀ.ਓ. ਨੰ: 104-106 ਸੈਕਟਰ 34-ਏ , ਚੰਡੀਗੜ੍ਹ

### <u>ਜਨਤਕ ਸੂਚਨਾ</u>

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਿੱਖਿਆ ਵਿਭਾਗ ਪੰਜਾਬ ਦੇ ਸਕੂਲ ਲੈਕਚਰਾਰਾਂ ਦੀ ਸੀਨੀਆਰਤਾ ਦੇ ਵਿਵਾਦ ਦਾ ਨਿਪਟਾਰਾ ਕਰਨ ਲਈ ਨਿਮਨਹਸਤਾਖਰੀ ਦੀ ਪ੍ਰਧਾਨਗੀ ਹੇਠ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਹੈ ਜਿਹੜੀ ਕਿ ਸਾਰੀਆਂ ਸੰਬੰਧਤ ਧਿਰਾਂ ਦੇ ਵਿਚਾਰ ਸੁਣ ਕੇ ਆਪਣੀ ਰਿਪੋਟ ਤਿਆਰ ਕਰ ਰਹੀ ਹੈ। ਸਿਵਲ ਰਿਟ ਪਟੀਸ਼ਨ ਨੰ: 169 ਆਫ 2010 ਵਿੱਚ ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਇਹ ਆਦੇਸ਼ ਦਿੱਤੇ ਗਏ ਹਨ ਕਿ ਕਮੇਟੀ ਵੱਲੋਂ ਇੱਕ ਪਬਲਿਕ ਨੋਟਿਸ ਅਖਬਾਰਾਂ ਵਿੱਚ ਦਿੱਤਾ ਜਾਵੇ ਜਿਸ ਰਾਹੀਂ ਇਹ ਸੂਚਿਤ ਕੀਤਾ ਜਾਵੇ ਕਿ ਜੇਕਰ ਕੋਈ ਸੰਬੰਧਤ ਕਰਮਚਾਰੀ ਕਮੇਟੀ ਅੱਗੇ ਪੇਸ਼ ਹੋਕੇ ਆਪਣਾ ਪੱਖ ਪੇਸ਼ ਕਰਨਾ ਚਾਹੁੰਦਾ ਹੋਵੇ ਤਾਂ ਉਹ ਅਜਿਹਾ ਕਰ ਸਕਦਾ ਹੈ। ਮਾਨਯੋਗ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਇਹ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕੋਈ ਸੰਬੰਧਤ ਕਰਮਚਾਰੀ ਕਮੇਟੀ ਅੱਗੇ ਪੇਸ਼ ਹੋਕੇ ਆਪਣਾ ਪੱਖ ਪੇਸ਼ ਕਰਨਾ ਚਾਹੁੰਦਾ ਹੋਵੇ ਤਾਂ ਉਹ ਇਹ ਨੋਟਿਸ ਪ੍ਰਕਾਸ਼ਿਤ ਹੋਣ ਤੋਂ 10 ਦਿਨ ਦੇ ਅੰਦਰ ਅੰਦਰ ਅਜਿਹਾ ਕਰ ਸਕਦਾ ਹੈ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ